**ਦਫਤਰ ਡਾਇਰੈਕਟੋਰੇਟ ਆਫ ਸਕੂਲ ਐਜੂਕੇਸ਼ਨ (ਸੈਕੰਡਰੀ) ਪੰਜਾਬ, ਐਸ. ਏ. ਐਸ. ਨਗਰ।**

**( ਪ੍ਰਮੋਸ਼ਨ ਸੈਲ )**

# ਨੋਟਿਸ

## ਚੌਥਾ ਪੜ੍ਹਾਅ

ਮਿਤੀ 01.09.2023

1.0 ਮਾਸਟਰ ਕਾਡਰ ਦੀ ਸੀਨੀਆਰਤਾ ਮਿਤੀ 19.06.2019 ਮਾਨਯੋਗ ਪੰਜਾਬ ਹਰਿਆਣਾ ਹਾਈ ਕੋਰਟ ਵੱਲੋਂ ਸਿ.ਰਿ.ਪ. 28434 ਆਫ 2019 ਹਰਭਜਨ ਸਿੰਘ ਅਤੇ ਹੋਰ ਬਨਾਮ ਪੰਜਾਬ ਸਰਕਾਰ ਅਤੇ ਹੋਰ ਕਨੈਕਟਡ ਕੇਸਾਂ ਵਿੱਚ ਦਿੱਤੇ ਗਏ ਫੈਸਲੇ ਮਿਤੀ 15.02.2023 ਅਨੁਸਾਰ ਖਾਰਜ ਕਰ ਦਿੱਤੀ ਗਈ ਹੈ।

2.0 ਵਿਭਾਗ ਵੱਲੋਂ ਮਾਨਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਫੈਸਲੇ ਦੀ ਪਾਲਣਾ ਕਰਦੇ ਹੋਏ ਮਾਸਟਰ ਕਾਡਰ ਦੀ ਸੀਨੀਆਰਤਾ ਦੀ ਬਣਤਰ ਹਿੱਤ ਵੱਖ ਵੱਖ ਮਿਤੀਆਂ ਨੂੰ ਵਿਭਾਗ ਦੀ ਵੈਬਸਾਇਟ www.ssapunjab.org ਤੇ ਨੋਟਿਸ ਜਾਰੀ ਕਰਦੇ ਹੋਏ ਸੀਨੀਆਰਤਾ ਦੇ ਸਬੰਧ ਵਿੱਚ **ਤਿੰਨ ਪੜ੍ਹਾਵਾਂ** ਤਹਿਤ **ਦਸੰਬਰ 1998** ਤੱਕ ਦੇ ਨਿਯੁਕਤ ਹੋਏ ਕਰਮਚਾਰੀ (ਮੌਜੂਦਾ/ ਰਿਟਾਇਰੀ/ਪ੍ਰਮੋਟਿਡ/ਜਿਨ੍ਹਾਂ ਦੀ ਮੌਤ ਹੋ ਚੁੱਕੀ ਹੈ/ ਸੇਵਾਵਾਂ ਬਰਖਾਸਤ ਹੋ ਚੁੱਕੀਆਂ /ਅਸਤੀਫਾ ਦੇ ਚੁੱਕੇ ਆਦਿ) ਦਾ ਰਿਕਾਰਡ ਮੰਗਿਆ ਗਿਆ ਹੈ।

3.0 ਉਕਤ ਤਿੰਨ ਪੜ੍ਹਾਵਾਂ ਦੀ ਲਗਾਤਾਰਤਾ ਵਿੱਚ ਸੋਧੇ ਨਿਰਧਾਰਿਤ ਪ੍ਰੋਫਾਰਮੇ/ਸ਼ਡਿਊਲ ਅਨੁਸਾਰ **31.12.2015 ਤੱਕ** ਨਿਯੁਕਤ ਹੋਏ ਸਾਰੇ ਕਰਮਚਾਰੀ (ਮੌਜੂਦਾ/ ਰਿਟਾਇਰੀ/ਪ੍ਰਮੋਟਿਡ/ਜਿਨ੍ਹਾਂ ਦੀ ਮੌਤ ਹੋ ਚੁੱਕੀ ਹੈ/ ਸੇਵਾਵਾਂ ਬਰਖਾਸਤ ਹੋ ਚੁੱਕੀਆਂ /ਅਸਤੀਫਾ ਦੇ ਚੁੱਕੇ ਆਦਿ) ਚੌਥੇ ਪੜ੍ਹਾਅ ਵਿੱਚ ਸ਼ਾਮਿਲ ਕੀਤਾ ਜਾਂਦਾ ਹੈ।

3.1 ਇਥੇ ਇਹ ਸਪਸ਼ਟ ਕਰ ਦਿੱਤਾ ਜਾਂਦਾ ਹੈ ਕਿ ਸਾਰੇ ਕਰਮਚਾਰੀ (ਮੌਜੂਦਾ/ ਰਿਟਾਇਰੀ/ਪ੍ਰਮੋਟਿਡ/ਜਿਨ੍ਹਾਂ ਦੀ ਮੌਤ ਹੋ ਚੁੱਕੀ ਹੈ/ ਸੇਵਾਵਾਂ ਬਰਖਾਸਤ ਹੋ ਚੁੱਕੀਆਂ /ਅਸਤੀਫਾ ਦੇ ਚੁੱਕੇ ਆਦਿ) ਦੇ ਰਿਕਾਰਡ ਦੀ ਪੁਸ਼ਟੀ ਉਸਦੀ ਸੇਵਾਵਾਂ ਰੈਗੂਲਰ/ਰੈਗੂਲਰ ਨਿਯੁਕਤੀ ਹੋਣ ਤੋਂ ਹੀ ਕੀਤੀ ਜਾਣੀ ਹੈ। ਇਸ ਲਈ ਸਬੰਧਤ ਕੇਸਾਂ ਵਿੱਚ **ਨਿਯੁਕਤੀ ਪੱਤਰ ਦੀ ਕਾਪੀ ਲਗਾਉਣਾ ਲਾਜਮੀ ਹੈ।**

3.2 ਮਾਸਟਰ ਕਾਡਰ ਦੀ ਸੀਨੀਆਰਤਾ ਦੇ ਸਬੰਧ ਵਿੱਚ ਜਿਨ੍ਹਾਂ ਅਧਿਕਾਰੀ/ਕਰਮਚਾਰੀਆਂ ਦਾ ਰਿਕਾਰਡ ਜਿਲ੍ਹਾ ਪੱਧਰ ਜਾਂ ਡਾਈਟ ਵਿਖੇ ਹੈ, ਦੀ ਸੂਚਨਾ ਨਿਰਧਾਰਿਤ ਪ੍ਰੋਫਾਰਮੇ ਤੇ ਸਮੇਤ ਦਸਤਾਵੇਜ ਜਿਲ੍ਹਾ ਨੋਡਲ ਅਫਸਰ ਰਾਹੀਂ ਮੁੱਖ ਦਫਤਰ ਭੇਜਿਆ ਜਾਵੇ।

**ਨੋਟ** ਵੱਖ ਵੱਖ ਪੜ੍ਹਾਵਾਂ ਦੇ ਸਬੰਧ ਵਿੱਚ ਵਿਭਾਗ ਦੇ ਧਿਆਨ ਵਿੱਚ ਆਇਆ ਹੈ ਕਿ ਬਲਾਕ ਲੈਵਲ ਤੋ ਰਿਕਾਰਡ ਬਣਾਉਣ ਉਪਰੰਤ ਵੱਖ ਵੱਖ Excel Sheet ਪ੍ਰਮੋਸ਼ਨ ਸੈਲ ਨੂੰ ਭੇਜੀਆਂ ਜਾਂਦੀਆਂ ਹਨ, ਇਸ ਸਬੰਧ ਵਿੱਚ ਜਿਲ੍ਹਾ ਨੋਡਲ ਅਫਸਰ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਬਲਾਕ ਨੋਡਲ ਅਫਸਰ ਵੱਲੋਂ Excel Sheet ਪ੍ਰਾਪਤ ਕਰਨ ਉਪਰੰਤ ਸਾਰੇ ਬਲਾਕਾਂ ਨੂੰ ਜਿਲ੍ਹਾ ਪੱਧਰ ਤੇ ਇਕੱਠਾ ਕਰਕੇ ਜਿਲ੍ਹੇ ਦੀ ਇਕ ਹੀ Excel Sheet ਮੁੱਖ ਦਫਤਰ ਨੂੰ ਈ-ਮੇਲ ਰਾਹੀਂ ਭੇਜੀ ਜਾਵੇ।

3.3 ਇਥੇ ਇਹ ਵੀ ਸਪਸ਼ਟ ਕਰ ਦਿੱਤਾ ਜਾਂਦਾ ਹੈ ਕਿ ਮਾਸਟਰ ਕਾਡਰ ਦੀ ਸੀਨੀਆਰਤਾ ਸੂਚੀ ਮਾਨਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਹੁਕਮਾਂ ਅਨੁਸਾਰ ਬਣਤਰ ਕੀਤੀ ਜਾ ਰਹੀ ਹੈ, ਜੇਕਰ ਰਿਕਾਰਡ ਅਨੁਸਾਰ ਕਿਸੇ ਕਿਸਮ ਦੀ ਕੋਈ ਅਣਗਹਿਲੀ ਨਾਲ ਕਰਮਚਾਰੀ/ਅਧਿਕਾਰੀ/ਰਿਟਾਇਰੀ ਦੇ ਵੇਰਵੇ ਦੀ ਪੁਸ਼ਟੀ ਗਲਤ ਹੋਣ ਜਾਂ ਨਿਰਧਾਰਿਤ ਸਮੇਂ ਤੇ ਰਿਕਾਰਡ ਨਾ ਪੁੱਜਦਾ ਕਰਨ ਦੀ ਸੂਰਤ ਵਿੱਚ ਸਬੰਧਤ ਅਧਿਕਾਰੀ ਅਤੇ ਕਰਮਚਾਰੀ ਵਿਰੁੱਧ ਪੰਜਾਬ ਸਿਵਲ ਸੇਵਾਵਾਂ (ਸਜਾ ਤੇ ਅਪੀਲ) ਨਿਯਮਾਂਵਲੀ 1970 ਅਧੀਨ ਵਿਭਾਗੀ ਕਾਰਵਾਈ ਆਰੰਭ ਦਿੱਤੀ ਜਾਵੇਗੀ।

3.4 ਉਕਤ ਰਿਕਾਰਡ ਮਿਤੀ **18.09.2023 ਤੱਕ** ਸੋਧੇ ਨਿਰਧਾਰਿਤ ਪ੍ਰੋਫਾਰਮੇ/ਸ਼ਡਿਊਲ ਅਨੁਸਾਰ ਸਮੇਤ ਦਸਤਾਵੇਜ ਮੁੱਖ ਦਫਤਰ ਵਿਖੇ ਭੇਜਣਾ ਯਕੀਨੀ ਬਣਾਇਆ ਜਾਵੇ।

4.0 ਉਕਤ ਅਨੁਸਾਰ ਇਹ ਸਪਸ਼ਟ ਕੀਤਾ ਜਾਂਦਾ ਹੈ ਕਿ ਵਿਭਾਗ ਵੱਲੋਂ ਸਾਰੇ ਕਰਮਚਾਰੀ (ਮੌਜੂਦਾ/ ਰਿਟਾਇਰੀ/ਪ੍ਰਮੋਟਿਡ/ਜਿਨ੍ਹਾਂ ਦੀ ਮੌਤ ਹੋ ਚੁੱਕੀ ਹੈ/ ਸੇਵਾਵਾਂ ਬਰਖਾਸਤ ਹੋ ਚੁੱਕੀਆਂ /ਅਸਤੀਫਾ ਦੇ ਚੁੱਕੇ ਆਦਿ) ਦੇ ਵੇਰਵਿਆਂ ਦੀ ਪੁਸ਼ਟੀ ਕੀਤੀ ਜਾ ਰਹੀ ਹੈ, ਇਸ ਨੂੰ ਕਿਸੇ ਵੀ ਤਰ੍ਹਾਂ ਅੰਤਿਮ ਰੂਪ ਨਾ ਸਮਝਿਆ ਜਾਵੇ।

ਸਹਾਇਕ ਡਾਇਰੈਕਟਰ ਸਕੂਲ ਐਜੂਕੇਸ਼ਨ

Scanned with OKEN Scanner